ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ।
(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁੱਖੀ, ਪੰਜਾਬ

ਮੀਮੋ ਨੰ : DPISE-CORD0CIRC/64/2020 270826-827
ਮਿਤੀ 29-10-2020

ਵਿਸ਼ਾ: ਹਥਿਆਰਬੰਦ ਸੈਨਾ ਝੰਡਾ ਦਿਵਸ 07 ਦਸੰਬਰ 2020 ਨੂੰ ਮਨਾਉਣ ਸਬੰਧੀ।
ਹਵਾਲਾ: ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ (ਰੱਖਿਆ ਸੇਵਾਵਾਂ ਭਲਾਈ ਸ਼ਾਖਾ) ਦਾ ਪੱਤਰ ਨੰ : DSWD-12/91/2020-5DW/1/88581/2020 ਮਿਤੀ 08.10.2020.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

ਸੁਪਰਡੰਟ ਕੋਆਰਡੀਨੇਸ਼ਨ

ਪਿ.ਅੰ.ਨੰ: ਉਕਤ/2020 270828-831 ਮਿਤੀ 29-10-2020

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਆਰ.ਓ/ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਸਮੂਹ ਅਧਿਕਾਰੀ, ਦਫਤਰ ਡੀ.ਜੀ.ਐਸ.ਈ, ਪੰਜਾਬ।
3. ਸਮੂਹ ਅਧਿਕਾਰੀ, ਦਫਤਰ ਡੀ.ਪੀ.ਆਈ. (ਸੈਸਿ/ਐਸਿ), ਪੰਜਾਬ।
4. ਸਮੂਹ ਅਧਿਕਾਰੀ, ਦਫਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

ਸੁਪਰਡੰਟ ਕੋਆਰਡੀਨੇਸ਼ਨ

E-383554
27/10/2020

138-CO
26/10/2020

(24)

DSWD-12/91/2020-5DW

I/88581/2020

DGSE (Ins)
23-10-20

AD-Coord.
26/10/20

ਪੰਜਾਬ ਸਰਕਾਰ
ਰੱਖਿਆ ਸੇਵਾਵਾਂ ਭਲਾਈ ਵਿਭਾਗ
(ਰੱਖਿਆ ਸੇਵਾਵਾਂ ਭਲਾਈ ਸ਼ਾਖਾ)

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁੱਖੀ
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ
ਡਵੀਜ਼ਨਾਂ ਦੇ ਕਮਿਸ਼ਨਰ
ਡਿਪਟੀ ਕਮਿਸ਼ਨਰਜ਼
ਪੰਜਾਬ ਰਾਜ ਦੇ ਬੋਰਡਾਂ/ਕਾਰਪੋਰੇਸ਼ਨਾਂ ਦੇ ਮੁੱਖੀ

26/10

ਵਿਸ਼ਾ: ਹਥਿਆਰਬੰਦ ਸੈਨਾ ਝੰਡਾ ਦਿਵਸ 07 ਦਸੰਬਰ 2020 ਨੂੰ ਮਨਾਉਣ ਸਬੰਧੀ।

**********

ਹਰ ਸਾਲ ਹਥਿਆਰਬੰਦ ਸੈਨਾ ਝੰਡਾ ਦਿਵਸ ਮਿਤੀ 07 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਰਾਸ਼ਟਰ ਆਪਣੇ ਬਹਾਦਰ ਸੈਨਿਕਾਂ ਵੱਲੋਂ ਦੇਸ਼ ਦੀ ਰੱਖਿਆ ਲਈ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਾ ਹੈ। ਸੇਵਾ ਕਰ ਰਹੇ ਅਤੇ ਸਾਬਕਾ ਸੈਨਿਕਾਂ ਦੀ ਬਹਾਦਰੀ ਪ੍ਰਤੀ ਸਲੂਟ ਕਰਨ ਦਾ ਇਹ ਇੱਕ ਸੁਨਹਿਰੀ ਮੌਕਾ ਹੈ।

2. ਹਥਿਆਰਬੰਦ ਸੈਨਾ ਝੰਡਾ ਦਿਵਸ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 07 ਦਸੰਬਰ 2020 ਨੂੰ ਮਨਾਇਆ ਜਾ ਰਿਹਾ ਹੈ। ਅਤਿ ਮਹੱਤਵਪੂਰਨ ਵਿਅਕਤੀਆਂ ਅਤੇ ਸਮੂਹ ਭਾਰਤੀ ਨਾਗਰਿਕਾਂ ਦੇ ਝੰਡਾ ਲਾਉਣ ਦੀ ਰਸਮ 07 ਦਸੰਬਰ 2020 ਨੂੰ ਹੋਵੇਗੀ।

3. ਵਿਭਾਗਾਂ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਝੰਡੇ ਦੇ ਸਨਮਾਨ ਵਿੱਚ ਵਿੱਤੀ ਅੰਸ਼ਦਾਨ ਇਕੱਠਾ ਕੀਤਾ ਜਾਂਦਾ ਹੈ। ਇਕੱਤਰ ਹੋਈ ਰਾਸ਼ੀ ਕੇਂਦਰ ਅਤੇ ਰਾਜਿਆ ਸੈਨਿਕ ਬੋਰਡ ਵੱਲੋਂ ਲਾਗੂ ਕੀਤੀਆਂ ਕਈ ਪ੍ਰਕਾਰ ਦੀਆਂ ਭਲਾਈ ਸਕੀਮਾਂ ਵਿੱਚ ਵਰਤੀ ਜਾਂਦੀ ਹੈ। ਦਾਨ ਰਾਸ਼ੀ ਤੋਂ ਵਿਧਵਾਵਾਂ, ਅਪੰਗ ਸੈਨਿਕਾਂ, ਸਾਬਕਾ ਸੈਨਿਕਾਂ, ਉਹਨਾਂ ਦੇ ਆਸ਼ਰਿਤਾਂ ਅਤੇ ਸੇਵਾ ਕਰ ਰਹੇ ਸੈਨਿਕਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਤਕਰੀਬਨ ਇੱਕ ਕਰੋੜ ਤੋਂ ਜਿਆਦਾ ਵਿਅਕਤੀ ਇਸ ਰਾਸ਼ੀ ਦੇ ਲਾਭ ਪਾਤਰ ਹੋਣਗੇ।

4. ਭਾਰਤ ਸਰਕਾਰ, (ਡਾਇਰੈਕਟਰ ਆਫ ਇੰਨਕਮ ਟੈਕਸ (ਈ), ਲਛਮੀ ਨਗਰ, ਦਿੱਲੀ ਦੇ ਨੋਟੀਫਿਕੇਸ਼ਨ ਨੰ. DEL-AE22280-04012011/2186 ਮਿਤੀ 04.01.2011 ਦੇ ਤਹਿਤ ਸੈਨਾ ਝੰਡਾ ਦਿਵਸ ਸਬੰਧੀ ਦਾਨ ਕੀਤੀ ਰਾਸ਼ੀ ਇਨਕਮ ਟੈਕਸ ਮੁਕਤ ਹੈ।

O/o DGSE CUM SPD
Sarva Shiksha Abhiyan Authority (Pb.)
Central Dairy
No. 38042 Date 23/10/2020

**DSWD-12/91/2020-5DW**

**I/88581/2020**

5. ਉਪਰੋਕਤ ਦੇ ਸਨਮੁੱਖ ਝੰਡਾ ਦਿਵਸ ਸਬੰਧੀ ਜਨਤਕ ਦਿਲਚਸਪੀ ਪੈਦਾ ਕਰਨ ਵਾਸਤੇ ਅਤੇ ਆਮ ਜਨਤਾ ਨੂੰ ਉਸ ਦਿਨ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਦੀ ਜਰੂਰਤ ਹੈ। ਜ਼ਿਆਦਾ ਤੋਂ ਜ਼ਿਆਦਾ ਰਾਸ਼ੀ ਇਕੱਤਰ ਕਰਨ ਵਾਸਤੇ ਇਸ ਦਿਨ ਦੀ ਮਹੱਤਤਾ ਸਬੰਧੀ ਜਾਣਕਾਰੀ ਸਮੂਹ ਦਫਤਰਾਂ ਵਿੱਚ ਦੇਣ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ।

ਇਹ ਪੱਤਰ ਮੁੱਖ ਸਕੱਤਰ, ਪੰਜਾਬ ਜੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਗਿਆ ਹੈ।

**ਮਿਤੀ: 08.10.2020** **ਸਕੱਤਰ, ਪੰਜਾਬ ਸਰਕਾਰ**

**ਚੰਡੀਗੜ੍ਹ** **ਰੱਖਿਆ ਸੇਵਾਵਾਂ ਭਲਾਈ ਵਿਭਾਗ**

ਉਤਾਰਾ ਸਮੂਹ ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਅਧੀਨ ਸਕੱਤਰ**

ਸੇਵਾ ਵਿਖੇ,

ਸਮੂਹ ਵਿੱਤੀ ਕਮਿਸ਼ਨਰਜ਼,
ਪ੍ਰਮੁੱਖ ਸਕੱਤਰਜ਼ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ

ਉਤਾਰ ਸਕੱਤਰ ਰਾਜਿਆ ਸੈਨਿਕ ਬੋਰਡ-ਕਮ-ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਵਿਭਾਗ, ਪੰਜਾਬ ਨੂੰ ਉਹਨਾਂ ਦੇ ਪੱਤਰ ਨੰ. I/68869/2020 ਮਿਤੀ 27.08.2020 ਦੇ ਹਵਾਲੇ ਵਿੱਚ ਭੇਜਿਆ ਜਾਂਦਾ ਹੈ।

**ਅਧੀਨ ਸਕੱਤਰ**